ਜਿਲ੍ਹਾ ਪੁਲਿਸ ਵੱਲੋਂ ਪਬਲਿਕ ਦੇ ਗੁੰਮ ਹੋਏ 350 ਮੋਬਾਇਲ ਫੋਨ ਕੀਤੇ ਟਰੇਸ

ਜਿਲ੍ਹਾ ਪੁਲਿਸ ਮੁਖੀ ਵੱਲੋਂ ਮੋਬਾਇਲ ਮਾਲਕਾਂ ਨੂੰ ਸੌਂਪੇ ਗਏ ਟਰੇਸ ਕੀਤੇ ਗਏ ਮੋਬਾਇਲ ਫੋਨ



ਸ੍ਰੀ ਮੁਕਤਸਰ ਸਾਹਿਬ( ) ਮਾਣਯੋਗ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਅਤੇ ਸ. ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ ਆਈ.ਜੀ.ਪੀ. ਫਰੀਦਕੋਟ ਰੇਂਜ, ਫਰੀਦਕੋਟ ਜੀ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ., ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿੱਥੇ ਜਿਲ੍ਹਾ ਅੰਦਰ ਪਬਲਿਕ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ, ਮਾੜੇ/ਸ਼ਰਾਰਤੀ ਅਨਸਰਾਂ ਨੂੰ ਕਾਬੂ ਕਰਨ, ਨਸ਼ੇ ਦਾ ਖਾਤਮਾ ਕਰਨ ਲਈ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ, ਉੱਥੇ ਆਮ ਪਬਲਿਕ ਨੂੰ ਆਧੁਨਿਕ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਵਾਉਣ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਜਿਸ ਦੇ ਚੱਲਦਿਆਂ CEIR ਪੋਰਟਲ ਦੀ ਮੱਦਦ ਨਾਲ ਪਬਲਿਕ ਦੇ ਗੁੰਮ ਹੋਏ 350 ਮੋਬਾਇਲ ਫੋਨ ਟਰੇਸ ਕਰਕੇ ਜਿਲ੍ਹਾ ਪੁਲਿਸ ਮੁਖੀ ਵੱਲੋਂ ਫੋਨ ਮਾਲਕਾਂ ਨੂੰ ਸੌਂਪੇ ਗਏ। ਇਸ ਮੌਕੇ ਸ੍ਰੀ ਕੰਵਲਪ੍ਰੀਤ ਸਿੰਘ ਚਾਹਲ ਪੀ.ਪੀ.ਐਸ., ਐਸ.ਪੀ (ਐਚ) ਅਤੇ ਐਸ.ਆਈ. ਰਵਿੰਦਰ ਕੌਰ ਇੰਚਾਰਜ ਟੈਕਨੀਕਲ ਸੈੱਲ ਹਾਜ਼ਰ ਸਨ।

ਇਸ ਮੌਕੇ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ., ਸੀਨੀਅਰ ਕਪਤਾਨ ਪੁਲਿਸ, ਸ੍ਰੀ ਮੁਕਤਸਰ ਸਾਹਿਬ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਮੋਬਾਇਲ ਗੁੰਮ ਹੋਣ ਬਾਰੇ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੂੰ 496 ਸ਼ਿਕਾਇਤਾਂ ਮੌਸੂਲ ਹੋਈਆਂ ਸਨ। ਇਹਨਾਂ ਸ਼ਿਕਾਇਤਾਂ ਤੇ ਕਾਰਵਾਈ ਕਰਦੇ ਹੋਏ ਟੈਕਨੀਕਲ ਟੀਮ ਵੱਲੋਂ ਇਨ੍ਹਾ ਗੁੰਮ ਹੋਏ ਮੋਬਾਇਲ ਫੋਨਾਂ ਨੂੰ CEIR ਪੋਰਟਲ ਪਰ ਟਰੇਸਿੰਗ ਤੇ ਲਗਾਇਆ ਗਿਆ ਸੀ ਜਿਸ ਤੇ 350 ਮੋਬਾਇਲ ਫੋਨ ਚੱਲਦੇ ਪਾਏ ਗਏ। ਇਹ ਮੋਬਾਇਲ ਫੋਨ ਟਰੇਸ ਕਰਕੇ ਅੱਜ ਉਨ੍ਹਾਂ ਦੇ ਮਾਲਕਾਂ ਨੂੰ ਸੌਂਪੇ ਗਏ ਹਨ ਅਤੇ ਬਾਕੀ ਰਹਿੰਦੇ 146 ਗੁੰਮ ਹੋਏ ਮੋਬਾਇਲ ਫੋਨ ਜਦੋਂ ਵੀ ਚੱਲਦੇ ਹੋਏ ਰਿਪੋਰਟ ਹੋਣਗੇ ਤਾਂ ਇਨ੍ਹਾਂ ਮੋਬਾਇਲ ਫੋਨਾਂ ਨੂੰ ਟਰੇਸ ਕਰਕੇ ਉਹਨਾਂ ਦੇ ਮਾਲਕਾਂ ਨੂੰ ਸੌਂਪਿਆ ਜਾਵੇਗਾ। ਜਿਲ੍ਹਾ ਪੁਲਿਸ ਮੁਖੀ ਵੱਲੋਂ ਅੱਜ ਆਪਣੇ ਦਫਤਰ ਆਮ ਪਬਲਿਕ ਨੂੰ ਬੁਲਾ ਕੇ, ਲੱਭੇ ਗਏ ਮੋਬਾਇਲ ਫੋਨ ਉਹਨਾ ਨੂੰ ਸੌਂਪੇ ਗਏ।

ਸੀਨੀਅਰ ਕਪਤਾਨ ਪੁਲਿਸ, ਸ੍ਰੀ ਮੁਕਤਸਰ ਸਾਹਿਬ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਵਿਅਕਤੀ ਦਾ ਕੋਈ ਮੋਬਾਇਲ ਗੁੰਮ ਹੁੰਦਾ ਹੈ ਤਾਂ ਉਹ ਮੋਬਾਇਲ ਦਾ ਮਾਰਕਾ, ਆਈ.ਐਮ.ਈ.ਆਈ. ਨੰਬਰ, ਕੰਪਨੀ ਅਤੇ ਮੋਬਾਇਲ ਵਿੱਚ ਪਹਿਲਾਂ ਚੱਲਦੇ ਫੋਨ ਨੰਬਰ ਵਗੈਰਾ ਦਾ ਵੇਰਵਾ ਦਿੰਦੇ ਹੋਏ ਸ਼ਿਕਾਇਤ ਨੇੜੇ ਪੁਲਿਸ ਸਾਂਝ ਕੇਂਦਰ ਵਿੱਚ ਦਰਜ ਕਰਵਾਉਣ ਤਾਂ ਜੋ ਉਹਨਾਂ ਦਾ ਮੋਬਾਇਲ ਫੋਨ ਟਰੇਸਿੰਗ ਤੇ ਲਗਾਉਣ ਸਬੰਧੀ ਅਗਲੀ ਕਾਰਵਾਈ ਕੀਤੀ ਜਾ ਸਕੇ। ਉਹਨਾਂ ਇਹ ਵੀ ਜਾਣਕਾਰੀ ਦਿੱਤੀ ਕਿ ਆਮ ਪਬਲਿਕ CEIR ਪੋਰਟਲ ਪਰ ਆਪਣਾ ਸਕਾਇਤ ਨੰਬਰ (UID No) ਅਪਡੇਟ ਕਰਕੇ ਆਪਣੇ ਗੁੰਮ ਹੋਏ ਮੋਬਾਇਲ ਫੋਨ ਦਾ ਸਟੇਟਸ ਚੈੱਕ ਕਰ ਸਕਦੇ ਹਨ। ਜਿਲ੍ਹਾ ਪੁਲਿਸ ਮੁਖੀ ਵੱਲੋਂ ਆਮ ਪਬਲਿਕ ਨੂੰ ਇਹ ਵੀ ਅਪੀਲ ਕੀਤੀ ਗਈ ਕਿ ਜੇਕਰ ਕਿਸੇ ਵਿਅਕਤੀ ਨੂੰ ਕੋਈ ਮੋਬਾਇਲ ਡਿੱਗਾ ਹੋਇਆ ਮਿਲਦਾ ਹੈ ਤਾਂ ਉਸ ਦੀ ਵਰਤੋਂ ਕਰਨ ਦੀ ਬਜਾਏ ਉਸ ਨੂੰ ਨੇੜੇ ਦੇ ਪੁਲਿਸ ਸਟੇਸ਼ਨ ਵਿਖੇ ਜਮ੍ਹਾ ਕਰਵਾਇਆ ਜਾਵੇ।